2024416645
22/03/2024

# ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਮੋਹਾਲੀ,
ਈਮੇਲ: directorscert@punjabeducation.gov.in, ਫੋਨ ਨੰ: 0172-2212221

Azadi Ka Amrit Mahotsav

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ.)

ਸਮੂਹ ਬੀ.ਪੀ.ਈ.ਓ. ਸਾਹਿਬਾਨ,

ਸਮੂਹ ਸਕੂਲ ਮੁਖੀ (ਵੈੱਬਸਾਈਟ ਰਾਹੀਂ)

ਪੰਜਾਬ।

**ਮੀਮੋ ਨੰ: ਈ-491954 /SCERT,QP/UP/2024/** 77132

**ਮਿਤੀ:** 20.03.2024

**ਵਿਸ਼ਾ: ਮਿਤੀ 28-03-2024 ਨੂੰ ਰਾਜ ਦੇ ਸਮੂਹ ਸਰਕਾਰੀ ਸਕੂਲਾਂ (ਪ੍ਰਾਇਮਰੀ, ਅੱਪਰ-ਪ੍ਰਾਇਮਰੀ, ਸੈਕੰਡਰੀ ਅਤੇ ਸੀਨੀਅਰ ਸੈਕੰਡਰੀ) ਵਿੱਚ ਮਾਪੇ-ਅਧਿਆਪਕ ਮਿਲਣੀ ਕਰਵਾਉਣ ਸਬੰਧੀ।**

**ਹਵਾਲਾ ਪੱਤਰ ਨੰ. e-491954/SCERT,QP/UP/2024 36249 ਮਿਤੀ 06-02-2024**

**ਅਤੇ SCERT/PPPP/PRI/202453756 ਮਿਤੀ 27-02-2024**

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਕੂਲ ਸਿੱਖਿਆ ਵਿਭਾਗ, ਵੱਲੋਂ ਮਿਤੀ 26-02-2024 ਤੋਂ 15-03-2024 ਤਕ ਰਾਜ ਦੇ ਸਮੂਹ ਸਰਕਾਰੀ ਸਕੂਲਾਂ (ਪ੍ਰਾਇਮਰੀ, ਅੱਪਰ-ਪ੍ਰਾਇਮਰੀ, ਸੈਕੰਡਰੀ ਅਤੇ ਸੀਨੀਅਰ ਸੈਕੰਡਰੀ) ਵਿੱਚ ਨਾਨ-ਬੋਰਡ ਜਮਾਤਾਂ ਪਹਿਲੀ ਤੋਂ ਚੌਥੀ, ਛੇਵੀਂ, ਸੱਤਵੀਂ, ਨੌਵੀਂ ਅਤੇ ਗਿਆਰਵੀਂ ਦੇ ਵਿਦਿਆਰਥੀਆਂ ਦੀ ਸਲਾਨਾ ਪ੍ਰੀਖਿਆ ਕਰਵਾਈ ਜਾ ਚੁੱਕੀ ਹੈ।

3.0 ਇਸ ਸੰਬੰਧੀ ਹਵਾਲਾ ਪੱਤਰਾਂ ਵਿੱਚ ਲਿਖਿਆ ਗਿਆ ਸੀ ਕਿ ਮਿਤੀ 20-03-2024 ਤਕ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਸਲਾਨਾ ਨਤੀਜਾ ਤਿਆਰ ਕਰ ਲਿਆ ਜਾਵੇ ਅਤੇ ਸਲਾਨਾ ਪ੍ਰੀਖਿਆਵਾਂ ਦੇ ਨਤੀਜੇ ਘੋਸ਼ਿਤ ਕਰਨ ਲਈ ਮਾਪੇ-ਅਧਿਆਪਕ ਮਿਲਣੀ ਦੀ ਮਿਤੀ ਬਾਰੇ ਵੱਖਰੇ ਤੌਰ ਤੇ ਦੱਸਿਆ ਜਾਵੇਗਾ।

4.0 ਉਕਤ ਸੰਬੰਧੀ ਸਲਾਨਾ ਪ੍ਰੀਖਿਆਵਾਂ ਦਾ ਨਤੀਜਾ, ਵਿਦਿਆਰਥੀਆਂ ਦੀ ਕਾਰਗੁਜ਼ਾਰੀ, ਉਹਨਾਂ ਦੀ ਹਾਜ਼ਰੀ ਅਤੇ ਵਿਦਿਆਰਥੀਆਂ ਦੀਆਂ ਹੋਰ ਉਪਲੱਬਧੀਆਂ ਬਾਰੇ ਉਹਨਾਂ ਦੇ ਮਾਪਿਆਂ ਨੂੰ ਜਾਣੂ ਕਰਵਾਉਣ ਲਈ ਮਿਤੀ 28-03-2024 ਨੂੰ ਸਮੂਹ ਸਰਕਾਰੀ ਸਕੂਲਾਂ (ਪ੍ਰਾਇਮਰੀ, ਅੱਪਰ-ਪ੍ਰਾਇਮਰੀ, ਸੈਕੰਡਰੀ ਅਤੇ ਸੀਨੀਅਰ ਸੈਕੰਡਰੀ) ਵਿੱਚ ਮਾਪੇ - ਅਧਿਆਪਕ ਮਿਲਣੀ ਰੱਖੀ ਗਈ ਹੈ।

5.0 ਇਸ ਮਾਪੇ ਅਧਿਆਪਕ ਮਿਲਣੀ ਦਾ ਸਮਾਂ ਸਵੇਰੇ 09:00 ਵਜੇ ਤੋਂ ਦੁਪਹਿਰ 2:00 ਵਜੇ ਤਕ ਹੋਵੇਗਾ।

6.0 ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਵੱਧ ਤੋਂ ਵੱਧ ਮਾਪਿਆਂ ਨੂੰ ਭਾਗ ਲੈਣ ਲਈ ਪ੍ਰੇਰਿਤ ਕੀਤਾ ਜਾਵੇ।

7.0 ਉਕਤ ਮਾਪੇ-ਅਧਿਆਪਕ ਮਿਲਣੀ ਦੌਰਾਨ ਚੋਣ ਜ਼ਾਬਤਾ ਦੀਆਂ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

(ਅਮਨਿੰਦਰ ਕੌਰ, ਪੀ.ਸੀ.ਐਸ.)
ਡਾਇਰੈਕਟਰ
ਐਸ.ਸੀ.ਈ.ਆਰ.ਟੀ., ਪੰਜਾਬ।

ਪਿਠ ਅੰਕਣ ਨੰ: -ਉਕਤ- ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ:

1. ਨਿ.ਸ./ ਸਕੱਤਰ ਸਕੂਲ ਸਿੱਖਿਆ, ਪੰਜਾਬ
2. ਨਿ.ਸ./ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ
3. ਨਿ.ਸ./ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ), ਪੰਜਾਬ
4. ਨਿ.ਸ./ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ), ਪੰਜਾਬ
5. DM (MIS)- website ਤੇ ਅਪਲੋਡ ਕਰਨ ਲਈ।

(ਅਮਨਿੰਦਰ ਕੌਰ, ਪੀ.ਸੀ.ਐਸ.)
ਡਾਇਰੈਕਟਰ
ਐਸ.ਸੀ.ਈ.ਆਰ.ਟੀ., ਪੰਜਾਬ।